DRISHTI
Drishti Dr. R.C Jain Innovative Public School
Pakhowal Road, Narangwal, Ludhiana - 141203
C.B.S.E. (Affiliation No. 1630582) (School Code : 20570)

July 22, 2024

Dear Parents

This is to inform you about recent government orders issued vide No 6607-11/Trafic-2, dated 02-07-2024 (Copy attached) that bans driving by underage students (less than 18 year of age). This order is aimed at ensuring the safety and well-being of all students.

As responsible educators and citizens we must comply with this directive to safeguard our children.

We kindly request all parents and guardians to strictly comply with the orders to avoid any action on the part of the concerned government agency.

We appreciate your understanding and cooperation in this matter.

Warm regards

Manisha Gangwar
Principal

Principal
Drishti Dr. R.C. Jain Innovative Public School
Narangwal, Ludhiana

DRISHTI
Drishti Dr. R.C Jain Innovative Public School
Pakhowal Road, Narangwal, Ludhiana - 141203
C.B.S.E. (Affiliation No. 1630582) (School Code : 20570)

July 22, 2024

**Dear Parents**

ਇਹ ਤੁਹਾਨੂੰ ਤਾਜ਼ਾ ਸਰਕਾਰੀ ਆਦੇਸ਼ **6607-11/ਟ੍ਰੈਫਿਕ-2,** ਮਿਤੀ **02-07-2024** (ਕਾਪੀ ਨੱਥੀ) ਬਾਰੇ ਸੂਚਿਤ ਕਰਨ ਲਈ ਹੈ ਜੋ ਨਾਬਾਲਗ ਵਿਦਿਆਰਥੀ (**18** ਸਾਲ ਤੋਂ ਘੱਟ ਉਮਰ) ਦੁਆਰਾ ਡਰਾਈਵਿੰਗ 'ਤੇ ਪਾਬੰਦੀ ਲਗਾਉਂਦਾ ਹੈ। ਇਸ ਆਦੇਸ਼ ਦਾ ਉਦੇਸ਼ ਸਾਰੇ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਉਣਾ ਹੈ।

ਜ਼ਿੰਮੇਵਾਰ ਸਿੱਖਿਅਕ ਅਤੇ ਨਾਗਰਿਕ ਹੋਣ ਦੇ ਨਾਤੇ ਸਾਨੂੰ ਆਪਣੇ ਬੱਚਿਆਂ ਦੀ ਸੁਰੱਖਿਆ ਲਈ ਇਸ ਨਿਰਦੇਸ਼ ਦੀ ਪਾਲਣਾ ਕਰਨੀ ਚਾਹੀਦੀ ਹੈ।

ਅਸੀਂ ਸਾਰੇ ਮਾਪਿਆਂ ਅਤੇ ਸਰਪ੍ਰਸਤਾਂ ਨੂੰ ਬੇਨਤੀ ਕਰਦੇ ਹਾਂ ਕਿ ਉਹ ਸਬੰਧਤ ਸਰਕਾਰੀ ਏਜੰਸੀ ਦੀ ਕਿਸੇ ਵੀ ਕਾਰਵਾਈ ਤੋਂ ਬਚਣ ਲਈ ਹੁਕਮਾਂ ਦੀ ਸਖਤੀ ਨਾਲ ਪਾਲਣਾ ਕਰਨ।

ਅਸੀਂ ਇਸ ਮਾਮਲੇ ਵਿੱਚ ਤੁਹਾਡੀ ਸਮਝ ਅਤੇ ਸਹਿਯੋਗ ਦੀ ਸ਼ਲਾਘਾ ਕਰਦੇ ਹਾਂ।

ਨਿੱਘਾ ਸਤਿਕਾਰ

ਮਨੀਸ਼ਾ ਗੰਗਵਾਰ

ਪ੍ਰਿੰਸੀਪਲ

Principal
Drishti Dr. R.C. Jain Innovative Public School
Narangwal, Ludhiana

1. ਸਮੂਹ ਕਮਿਸ਼ਨਰ ਪੁਲਿਸ, ਪੰਜਾਬ।
2. ਸਮੂਹ ਸੀਨੀਅਰ ਕਪਤਾਨ ਪੁਲਿਸ,ਪੰਜਾਬ।

ਨੰ: /ਟਰੈਫਿਕ-2, ਮਿਤੀ

ਵਿਸ਼ਾ: ਨਾ-ਬਾਲਗ (ਬੱਚਿਆ) 18 ਸਾਲ ਦੀ ਉਮਰ ਤੋ ਘੱਟ ਬੱਚਿਆ ਵੱਲੋਂ 2 ਪਹੀਆਂ ਅਤੇ 4 ਪਹੀਆਂ ਵਹੀਕਲ ਚਲਾਉਣ ਤੇ ਰੋਕ ਲਗਾਉਣ ਸਬੰਧੀ ਜਾਗਰੂਕਤਾ ਕੈਂਪ ਲਗਾਉਣ ਬਾਰੇ।

ਯਾਦ ਪੱਤਰ

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪ ਦੇ ਅਧੀਨ ਤਾਇਨਾਤ ਟਰੈਫਿਕ ਐਜੂਕੇਸ਼ਨ ਸੈਲ/ਟਰੈਫਿਕ ਸਟਾਫ ਰਾਹੀ ਆਮ ਪਬਲਿਕ ਨੂੰ ਜਿਲ੍ਹਾ ਪੱਧਰ ਤੇ ਪਬਲਿਕ ਰਿਲੇਸ਼ਨ ਅਫਸਰ ਰਾਹੀ, ਸਕੂਲਾਂ ਵਿੱਚ ਜਾ ਕੇ ਬੱਚਿਆ ਨੂੰ ਇੱਕ ਮਹੀਨੇ ਲਈ ਭਾਵ 01.07.2024 ਤੋ 31.07.2024 ਤੱਕ ਮੋਟਰ ਵਹੀਕਲ ਐਕਟ (ਸੋਧ 2019) ਦੀ ਧਾਰਾ 199-ਏ ਅਤੇ 199-ਬੀ ਬਾਰੇ ਜਾਗਰੂਕ ਕੀਤਾ ਜਾਵੇ ਕਿ ਕੋਈ ਨਾ-ਬਾਲਗ ਬੱਚਾ 31.07.2024 ਤੋਂ ਬਾਅਦ 2 ਪਹੀਆਂ ਅਤੇ 4 ਪਹੀਆਂ ਵਹੀਕਲ ਚਲਾਉਂਦਾ ਦੌਰਾਨੇ ਚੈਕਿੰਗ ਮੋਟਰ ਵਹੀਕਲ ਐਕਟ ਦੀ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਸ ਦੇ ਮਾਤਾ ਪਿਤਾ ਦੇ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਜਿਸ ਵਿੱਚ ਉਨ੍ਹਾਂ ਨੂੰ 3 ਸਾਲ ਦੀ ਕੈਦ ਅਤੇ 25,000/- ਜੁਰਮਾਨਾ ਵੀ ਹੋ ਸਕਦਾ ਹੈ। ਇਸੇ ਤਰ੍ਹਾਂ ਜੇਕਰ ਕੋਈ ਨਾ-ਬਾਲਗ ਬੱਚਾ ਕਿਸੇ ਪਾਸੋ 2 ਪਹੀਆਂ ਵਾਹਨ ਜਾਂ 4 ਪਹੀਆਂ ਵਾਹਨ ਮੰਗ ਕੇ ਚਲਾਉਂਦਾ ਹੈ ਤਾਂ ਉਸ ਵਹੀਕਲ ਮਾਲਕ ਦੇ ਖਿਲਾਫ ਵੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਸਬੰਧੀ ਵੱਧ ਤੋ ਵੱਧ ਜਾਗਰੂਕਤਾ ਕੈਂਪ ਲਗਾਏ ਜਾਣ। ਇਸ ਸਬੰਧੀ ਕੀਤੀ ਗਈ ਕਾਰਵਾਈ ਤੇ ਮਿਤੀ 01.08.2024 ਨੂੰ ਦਿਨ ਪ੍ਰਤੀ ਦਿਨ ਲਗਾਏ ਗਏ ਕੈਂਪਾ ਦੀਆਂ ਫੋਟੋਆਂ, ਲੋਕੇਸ਼ਨਾਂ, ਅਖਬਾਰਾਂ ਦੀਆਂ ਕਟਿੰਗਾਂ ਇਸ ਦਫਤਰ ਨੂੰ ਭੇਜੀਆਂ ਜਾਣ। ਮੋਟਰ ਵਹੀਕਲ (ਸੋਧ) ਐਕਟ 2019 ਦੀ ਕਾਪੀ ਨਾਲ ਨੱਥੀ ਕਰਕੇ ਆਪ ਨੂੰ ਭੇਜੀ ਜਾਂਦੀ ਹੈ।

ਇਸ ਨੂੰ ਪਰਮ ਅਗੇਤ ਦਿੱਤੀ ਜਾਵੇ।

ਵਧੀਕ ਡਾਇਰੈਕਟਰ ਜਨਰਲ ਪੁਲਿਸ,
ਟਰੈਫਿਕ ਅਤੇ ਸੜਕ ਸੁਰੱਖਿਆ,
ਪੰਜਾਬ, ਚੰਡੀਗੜ੍ਹ।

ਨੰ: 6607-11/ਟਰੈਫਿਕ-2, ਮਿਤੀ 02-07-2024

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ:-

1. ਸੈਕਟਰੀ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
2. ਡਾਇਰੈਕਟਰ ਜਨਰਲ ਪੁਲਿਸ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ, ਲੀਡ ਏਜੰਸੀ ਆਨ ਰੋਡ ਸੇਫਟੀ, ਪੰਜਾਬ, ਚੰਡੀਗੜ੍ਹ।
4. ਸਮੂਹ ਏ.ਡੀ.ਜੀ.ਪੀ./ਆਈ.ਜੀ.ਪੀ./ਡੀ.ਆਈ.ਜੀ. ਰੇਂਜ, ਪੰਜਾਬ।

ਦਫਤਰ ਡਿਪਟੀ ਇੰਸਪੈਕਟਰ ਜਨਰਲ ਪੁਲਿਸ
ਡਾਇਰੀ ਨੰ...12118...
ਮਿਤੀ 04.7.24

ਵਧੀਕ ਡਾਇਰੈਕਟਰ ਜਨਰਲ ਪੁਲਿਸ,
ਟਰੈਫਿਕ ਅਤੇ ਸੜਕ ਸੁਰੱਖਿਆ,
ਪੰਜਾਬ, ਚੰਡੀਗੜ੍ਹ।